**ਬਿਲਾਵਲੁ ਮਹਲਾ ੫ ॥ ਸਗਲ ਅਨੰਦੁ ਕੀਆ ਪਰਮੇਸਰਿ ਅਪਣਾ ਬਿਰਦੁ ਸਮ੍ਾਰਿਆ ॥ ਸਾਧ ਜਨਾ ਹੋਏ ਕਿਰਪਾਲਾ ਬਿਗਸੇ ਸਭਿ ਪਰਵਾਰਿਆ ॥ ੧॥ ਕਾਰਜੁ ਸਤਿਗੁਰਿ ਆਪਿ ਸਵਾਰਿਆ ॥ ਵਡੀ ਆਰਜਾ ਹਰਿ ਗੋਬਿੰਦ ਕੀ ਸੂਖ ਮੰਗਲ ਕਲਿਆਣ ਬੀਚਾਰਿਆ ॥੧॥ ਰਹਾਉ ॥ ਵਣ ਤ੍ਰਿਣ ਤ੍ਰਿਭਵਣ ਹਰਿਆ ਹੋਏ ਸਗਲੇ ਜੀਅ ਸਾਧਾਰਿਆ ॥ ਮਨ ਇਛੇ ਨਾਨਕ ਫਲ ਪਾਏ ਪੂਰਨ ਇਛ ਪੁਜਾਰਿਆ ॥੨॥੫॥੨੩॥** {ਪੰਨਾ 806}

ਪਦਅਰਥ:- ਸਗਲ—ਸਾਰਾ, ਪੂਰਨ। ਪਰਮੇਸਰਿ—ਪਰਮੇਸਰ ਨੇ। ਬਿਰਦੁ—ਮੁੱਢ-ਕਦੀਮਾਂ ਦਾ ਸੁਭਾਉ। ਸਮ੍ਾਰਿਆ—ਸੰਭਾਲਿਆ ਹੈ, ਚੇਤੇ ਰੱਖਿਆ ਹੈ। ਬਿਗਸੇ—ਖ਼ੁਸ਼ ਹੋਏ, ਖਿੜ ਪਏ। ਸਭਿ—ਸਾਰੇ। ਸਭ ਪਰਵਾਰਿਆ—ਸਾਰੇ ਪਰਵਾਰ।1।

ਕਾਰਜੁ—ਕੰਮ। ਸਤਿਗੁਰਿ—ਗੁਰੂ ਨੇ। ਸਵਾਰਿਆ—ਸਿਰੇ ਚਾੜ੍ਹ ਦਿੱਤਾ ਹੈ। ਆਰਜਾ—ਉਮਰ।1। ਰਹਾਉ।

ਵਣ—ਜੰਗਲ। ਤ੍ਰਿਣ—ਘਾਹ ਦੇ ਤੀਲੇ। ਜੀਅ—{'ਜੀਉ' ਤੋਂ ਬਹੁ-ਵਚਨ} ਸਾਰੇ ਜੀਵ। ਸਾਧਾਰਿਆ—ਆਸਰਾ ਦਿੱਤਾ ਹੈ। ਪੂਰਨ—ਮੁਕੰਮਲ ਤੌਰ ਤੇ। ਪੁਜਾਰਿਆ—ਪੂਰੀ ਕੀਤੀ।2।

ਅਰਥ:- (ਹੇ ਭਾਈ! ਲੋਕ ਤਾਂ ਦੇਵੀ ਆਦਿਕ ਦੀ ਪੂਜਾ ਦੀ ਕੋਈ ਪ੍ਰੇਰਨਾ ਕਰਦੇ ਸਨ। ਪਰ ਵੇਖੋ, ਹਰਿਗੋਬਿੰਦ ਨੂੰ ਚੀਚਕ ਦੇ ਤਾਪ ਤੋਂ ਅਰੋਗਤਾ ਦੇਣ ਵਾਲਾ ਇਹ ਵੱਡਾ) ਕੰਮ (ਮੇਰੇ) ਸਤਿਗੁਰੂ ਨੇ ਆਪ ਹੀ ਸਿਰੇ ਚਾੜ੍ਹ ਦਿੱਤਾ ਹੈ। (ਗੁਰੂ ਨੇ ਆਪ ਹੀ) ਹਰਿਗੋਬਿੰਦ ਦੀ ਉਮਰ ਲੰਮੀ ਕਰ ਦਿੱਤੀ ਹੈ, (ਗੁਰੂ ਨੇ ਆਪ ਹੀ ਹਰਿਗੋਬਿੰਦ ਨੂੰ) ਸੁਖ ਖ਼ੁਸ਼ੀ ਆਨੰਦ ਦੇਣ ਦੀ ਵਿਚਾਰ ਕੀਤੀ ਹੈ।1। ਰਹਾਉ।

(ਹੇ ਭਾਈ! ਇਹ ਯਕੀਨ ਜਾਣੋ ਕਿ) ਪਰਮਾਤਮਾ ਆਪਣਾ ਮੁੱਢ-ਕਦੀਮਾਂ ਦਾ (ਭਗਤਿ-ਵਛਲ ਹੋਣ ਦਾ) ਸੁਭਾਉ ਸਦਾ ਚੇਤੇ ਰੱਖਦਾ ਹੈ, ਆਪਣੇ ਸੰਤ ਜਨਾਂ ਉਤੇ ਸਦਾ ਦਇਆਵਾਨ ਰਹਿੰਦਾ ਹੈ, ਉਹਨਾਂ ਨੂੰ ਹਰੇਕ ਕਿਸਮ ਦਾ ਸੁਖ-ਆਨੰਦ ਦੇਂਦਾ ਹੈ, ਉਹਨਾਂ ਦੇ ਸਾਰੇ ਪਰਵਾਰ (ਸਾਰੇ ਗਿਆਨ-ਇੰਦ੍ਰੇ ਭੀ) ਆਨੰਦ-ਭਰਪੂਰ ਰਹਿੰਦੇ ਹਨ।1।

ਹੇ ਨਾਨਕ! ਜਿਸ ਪਰਮਾਤਮਾ ਦੀ ਕਿਰਪਾ ਨਾਲ ਸਾਰੇ ਜੰਗਲ ਸਾਰੀ ਬਨਸਪਤੀ, ਤਿੰਨੇ ਹੀ ਭਵਨ ਹਰੇ-ਭਰੇ ਰਹਿੰਦੇ ਹਨ, ਉਹ ਪਰਮਾਤਮਾ ਸਾਰੇ ਜੀਵਾਂ ਨੂੰ ਆਸਰਾ ਦੇਂਦਾ ਹੈ। (ਜੇਹੜੇ ਭੀ ਮਨੁੱਖ ਪਰਮਾਤਮਾ ਦੀ ਸਰਨ ਪੈਂਦੇ ਹਨ) ਉਹ ਮਨ-ਮੰਗੀਆਂ ਮੁਰਾਦਾਂ ਪਾ ਲੈਂਦੇ ਹਨ, ਪਰਮਾਤਮਾ ਉਹਨਾਂ ਦੀਆਂ ਸਾਰੀਆਂ ਕਾਮਨਾਂ ਪੂਰੀਆਂ ਕਰਦਾ ਹੈ (ਬੱਸ! ਉਸ ਪਰਮਾਤਮਾ ਦਾ ਹੀ ਆਸਰਾ ਲਿਆ ਕਰੋ)।2।5। 23।

ਨੋਟ:- ਗੁਰੂ ਹਰਿਗੋਬਿੰਦ ਸਾਹਿਬ ਨੂੰ ਮਾਤਾ ਨਿਕਲੀ। ਲੋਕਾਂ ਨੇ ਆਪਣੇ ਭਰਮੀ ਸੁਭਾਵ ਅਨੁਸਾਰ ਗੁਰੂ ਅਰਜਨ ਸਾਹਿਬ ਨੂੰ ਪ੍ਰੇਰਨਾਂ ਕੀਤੀਆਂ ਕਿ ਬਾਲਕ ਨੂੰ ਦੇਵੀ-ਮਾਤਾ ਦੇ ਮੰਦਰ ਖੜਨਾ ਚਾਹੀਦਾ ਹੈ। ਸਤਿਗੁਰੂ ਜੀ ਉਸ ਗ਼ਲਤ ਪ੍ਰੇਰਨਾ ਦਾ ਉੱਤਰ ਦੇ ਰਹੇ ਹਨ, ਅਤੇ ਸਦਾ ਲਈ ਆਪਣੇ ਸਿੱਖਾਂ ਨੂੰ ਸਹੀ ਰਸਤਾ ਵਿਖਾ ਰਹੇ ਹਨ।